**ਬਿਲਾਵਲੁ ਮਹਲਾ ੫ ॥ ਭਾਗ ਸੁਲਖਣਾ ਹਰਿ ਕੰਤੁ ਹਮਾਰਾ ਰਾਮ ॥ ਅਨਹਦ ਬਾਜਿਤ੍ਰਾ ਤਿਸੁ ਧੁਨਿ ਦਰਬਾਰਾ ਰਾਮ ॥ ਆਨੰਦ ਅਨਦਿਨੁ ਵਜਹਿ ਵਾਜੇ ਦਿਨਸੁ ਰੈਣਿ ਉਮਾਹਾ ॥ ਤਹ ਰੋਗ ਸੋਗ ਨ ਦੂਖੁ ਬਿਆਪੈ ਜਨਮ ਮਰਣੁ ਨ ਤਾਹਾ ॥ ਰਿਧਿ ਸਿਧਿ ਸੁਧਾ ਰਸੁ ਅੰਮ੍ਰਿਤੁ ਭਗਤਿ ਭਰੇ ਭੰਡਾਰਾ ॥ ਬਿਨਵੰਤਿ ਨਾਨਕ ਬਲਿਹਾਰਿ ਵੰਞਾ ਪਾਰਬ੍ਰਹਮ ਪ੍ਰਾਨ ਅਧਾਰਾ ॥੧॥** {ਪੰਨਾ 846}

ਪਦਅਰਥ:- ਸੁਲਖਣਾ—ਸੋਹਣੇ ਲੱਛਣਾਂ ਵਾਲੇ। ਭਾਗ ਸੁਲਖਣਾ—ਸੋਹਣੇ ਲੱਛਣਾਂ ਵਾਲੇ ਭਾਗ, ਚੰਗੇ ਭਾਗ। ਬਾਜਿਤ੍ਰਾ—vwid>z {a musical instrument} ਵਾਜਾ। ਤਿਸੁ ਦਰਬਾਰਾ—ਉਸ (ਕੰਤ-ਪ੍ਰਭੂ) ਦੇ ਦਰਬਾਰ ਵਿਚ। ਅਨਾਹਦ—{Anwhq—Not produced by beating, ਬਿਨਾ ਵਜਾਏ ਵੱਜ ਰਹੇ} ਇਕ-ਰਸ। ਅਨਦਿਨੁ—ਹਰ ਰੋਜ਼, ਹਰ ਵੇਲੇ। ਵਜਹਿ—ਵੱਜਦੇ ਹਨ। ਰੈਣਿ—ਰਾਤ। ਉਮਾਹਾ—ਉਤਸ਼ਾਹ, ਚਾਉ। ਤਹ—'ਤਿਸੁ ਦਰਬਾਰ', ਉਥੇ, ਉਸ ਪ੍ਰਭੂ ਦੇ ਦਰਬਾਰ ਵਿਚ। ਬਿਆਪੈ—ਜ਼ੋਰ ਪਾ ਸਕਦਾ। ਤਾਹਾ—ਉਸ ਨੂੰ। ਰਿਧਿ ਸਿਧਿ—ਰਿੱਧੀਆਂ ਸਿੱਧੀਆਂ, ਕਰਾਮਾਤੀ ਤਾਕਤਾਂ। ਸੁਧਾ—ਅੰਮ੍ਰਿਤ। ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ। ਵੰਞਾ—ਵੰਞਾਂ। ਬਲਿਹਾਰਿ ਵੰਞਾ—ਮੈਂ ਸਦਕੇ ਜਾਂਦਾ ਹਾਂ। ਪ੍ਰਾਣ ਅਧਾਰਾ—ਜਿੰਦ ਦਾ ਆਸਰਾ।1।

ਅਰਥ:- ਹੇ ਸਹੇਲੀਏ! ਸਾਡਾ ਕੰਤ-ਪ੍ਰਭੂ ਸੋਹਣੇ ਲੱਛਣਾਂ ਵਾਲੇ ਭਾਗਾਂ ਵਾਲਾ ਹੈ, ਉਸ (ਕੰਤ) ਦੇ ਦਰਬਾਰ ਵਿਚ ਇਕ-ਰਸ (ਵੱਸ ਰਹੇ) ਵਾਜਿਆਂ ਦੀ ਧੁਨ ਉਠ ਰਹੀ ਹੈ।

ਹੇ ਸਹੇਲੀਏ! (ਉਸ ਕੰਤ ਦੇ ਦਰਬਾਰ ਵਿਚ ਸਦਾ) ਆਨੰਦ ਦੇ ਵਾਜੇ ਵੱਜਦੇ ਰਹਿੰਦੇ ਹਨ, ਦਿਨ ਰਾਤ (ਉਥੇ) ਚਾਉ (ਬਣਿਆ ਰਹਿੰਦਾ ਹੈ)। ਉਥੇ ਰੋਗ ਨਹੀਂ ਹਨ, ਉਥੇ ਚਿੰਤਾ-ਫ਼ਿਕਰ ਨਹੀਂ ਹਨ, ਉਥੇ (ਕੋਈ) ਦੁੱਖ ਆਪਣਾ ਜ਼ੋਰ ਨਹੀਂ ਪਾ ਸਕਦਾ, ਉਸ (ਕੰਤ) ਨੂੰ ਜਨਮ ਮਰਨ ਦਾ ਗੇੜ ਨਹੀਂ ਹੈ।

ਹੇ ਸਹੇਲੀਏ! (ਉਸ ਕੰਤ-ਪ੍ਰਭੂ ਦੇ ਦਰਬਾਰ ਵਿਚ) ਰਿੱਧੀਆਂ ਹਨ ਸਿੱਧੀਆਂ ਹਨ, ਆਤਮਕ ਜੀਵਨ ਦੇਣ ਵਾਲਾ ਨਾਮ ਰਸ ਹੈ, ਭਗਤੀ ਦੇ ਖ਼ਜ਼ਾਨੇ ਭਰੇ ਪਏ ਹਨ। ਨਾਨਕ ਬੇਨਤੀ ਕਰਦਾ ਹੈ—(ਸਭ ਜੀਵਾਂ ਦੀ) ਜ਼ਿੰਦਗੀ ਦੇ ਆਸਰੇ ਉਸ ਪਾਰਬ੍ਰਹਮ ਤੋਂ ਮੈਂ ਸਦਕੇ ਜਾਂਦਾ ਹਾਂ।1।

**ਸੁਣਿ ਸਖੀਅ ਸਹੇਲੜੀਹੋ ਮਿਲਿ ਮੰਗਲੁ ਗਾਵਹ ਰਾਮ ॥ ਮਨਿ ਤਨਿ ਪ੍ਰੇਮੁ ਕਰੇ ਤਿਸੁ ਪ੍ਰਭ ਕਉ ਰਾਵਹ ਰਾਮ ॥ ਕਰਿ ਪ੍ਰੇਮੁ ਰਾਵਹ ਤਿਸੈ ਭਾਵਹ ਇਕ ਨਿਮਖ ਪਲਕ ਨ ਤਿਆਗੀਐ ॥ ਗਹਿ ਕੰਠਿ ਲਾਈਐ ਨਹ ਲਜਾਈਐ ਚਰਨ ਰਜ ਮਨੁ ਪਾਗੀਐ ॥ ਭਗਤਿ ਠਗਉਰੀ ਪਾਇ ਮੋਹਹ ਅਨਤ ਕਤਹੂ ਨ ਧਾਵਹ ॥ ਬਿਨਵੰਤਿ ਨਾਨਕ ਮਿਲਿ ਸੰਗਿ ਸਾਜਨ ਅਮਰ ਪਦਵੀ ਪਾਵਹ ॥੨॥** {ਪੰਨਾ 846}

ਪਦਅਰਥ:- ਸਖੀਅ—ਹੇ ਸਖੀਓ! ਮਿਲਿ—ਮਿਲ ਕੇ। ਮੰਗਲੁ—ਸਿਫ਼ਤਿ-ਸਾਲਾਹ ਦਾ ਗੀਤ। ਗਾਵਹ—ਆਓ ਅਸੀਂ ਗਾਵੀਏ। ਮਨਿ—ਮਨ ਵਿਚ। ਤਨਿ—ਤਨ ਵਿਚ, ਹਿਰਦੇ ਵਿਚ। ਕਰੇ—ਕਰਿ, ਕਰ ਕੇ। ਕਉ—ਨੂੰ। ਰਾਵਹ—ਆਓ ਸਿਮਰੀਏ। ਤਿਸੈ ਭਾਵਹ—ਉਸ (ਕੰਤ-ਪ੍ਰਭੂ ਨੂੰ) ਚੰਗੀਆਂ ਲੱਗੀਏ। ਨਿਮਖ—{inmy—} ਅੱਖ ਝਮਕਣ ਜਿਤਨਾ ਸਮਾ। ਨ ਤਿਆਗੀਐ—ਤਿਆਗਣਾ ਨਹੀਂ ਚਾਹੀਦਾ। ਗਹਿ—ਫੜ ਕੇ। ਕੰਠਿ—ਗਲ ਨਾਲ। ਲਾਈਐ—ਲਾ ਲੈਣਾ ਚਾਹੀਦਾ ਹੈ। ਨਹ ਲਜਾਈਐ—ਸ਼ਰਮ ਨਹੀਂ ਕਰਨੀ ਚਾਹੀਦੀ। ਰਜ—ਧੂੜ। ਪਾਗੀਐ—ਲੇਪ ਲੈਣਾ ਚਾਹੀਦਾ ਹੈ। ਠਗਉਰੀ—ਠਗ-ਮੂਰੀ, ਠਗ-ਬੂਟੀ। ਮੋਹਹ—ਆਓ ਅਸੀਂ ਮੋਹ ਲਈਏ। ਅਨਤ—{ANX>} ਕਿਸੇ ਹੋਰ ਥਾਂ। ਨ ਧਾਵਹ—ਅਸੀਂ ਨਾਹ ਦੌੜੀਏ। ਅਮਰ ਪਦਵੀ—ਉਹ ਆਤਮਕ ਦਰਜਾ ਜਿਸ ਨੂੰ ਕਦੇ ਮੌਤ ਨਹੀਂ ਆਉਂਦੀ। ਪਾਵਹ—ਅਸੀਂ ਹਾਸਲ ਕਰੀਏ।2।

ਅਰਥ:- ਹੇ ਸਖੀਓ! ਹੇ ਸਹੇਲੀਓ! ਸੁਣੋ, ਆਓ ਮਿਲ ਕੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦਾ ਗੀਤ ਗਾਵੀਏ। ਹੇ ਸਹੇਲੀਓ! ਮਨ ਵਿਚ ਹਿਰਦੇ ਵਿਚ ਪਿਆਰ ਪੈਦਾ ਕਰ ਕੇ ਉਸ ਪ੍ਰਭੂ ਨੂੰ ਸਿਮਰੀਏ। (ਹਿਰਦੇ ਵਿਚ) ਪ੍ਰੇਮ ਕਰ ਕੇ

(ਉਸ ਨੂੰ) ਸਿਮਰੀਏ, ਤੇ, ਉਸ ਨੂੰ ਪਿਆਰੀਆਂ ਲੱਗੀਏ। ਹੇ ਸਹੇਲੀਓ! (ਉਸ ਕੰਤ-ਪ੍ਰਭੂ ਨੂੰ) ਅੱਖ ਝਮਕਣ ਜਿਤਨੇ ਸਮੇ ਲਈ ਭੀ ਵਿਸਾਰਨਾ ਨਹੀਂ ਚਾਹੀਦਾ, ਉਸ ਨੂੰ ਫੜ ਕੇ ਗਲ ਨਾਲ ਲਾ ਲੈਣਾ ਚਾਹੀਦਾ ਹੈ (ਉਸ ਦਾ ਨਾਮ ਸੁਰਤਿ ਜੋੜ ਕੇ ਗਲੇ ਵਿਚ ਪ੍ਰੋ ਲੈਣਾ ਚਾਹੀਦਾ ਹੈ, ਇਸ ਕੰਮ ਤੋਂ) ਸ਼ਰਮ ਨਹੀਂ ਕਰਨੀ ਚਾਹੀਦੀ, (ਉਸ ਦੇ) ਚਰਨਾਂ ਦੀ ਧੂੜ ਨਾਲ (ਆਪਣਾ ਇਹ) ਮਨ ਰੰਗ ਲੈਣਾ ਚਾਹੀਦਾ ਹੈ।

ਨਾਨਕ ਬੇਨਤੀ ਕਰਦਾ ਹੈ—ਹੇ ਸਹੇਲੀਓ! ਭਗਤੀ ਦੀ ਠਗਬੂਟੀ ਵਰਤ ਕੇ, ਆਓ ਉਸ ਕੰਤ-ਪ੍ਰਭੂ ਨੂੰ ਵੱਸ ਵਿਚ ਕਰ ਲਈਏ, ਤੇ, ਹੋਰ ਹੋਰ ਪਾਸੇ ਨਾਹ ਭਟਕਦੀਆਂ ਫਿਰੀਏ। ਉਸ ਸੱਜਣ ਪ੍ਰਭੂ ਨੂੰ ਮਿਲ ਕੇ ਉਹ ਦਰਜਾ ਹਾਸਲ ਕਰ ਲਈਏ, ਜਿੱਥੇ ਆਤਮਕ ਮੌਤ ਕਦੇ ਭੀ ਪੋਹ ਨਹੀਂ ਸਕਦੀ।2।

**ਬਿਸਮਨ ਬਿਸਮ ਭਈ ਪੇਖਿ ਗੁਣ ਅਬਿਨਾਸੀ ਰਾਮ ॥ ਕਰੁ ਗਹਿ ਭੁਜਾ ਗਹੀ ਕਟਿ ਜਮ ਕੀ ਫਾਸੀ ਰਾਮ ॥ ਗਹਿ ਭੁਜਾ ਲੀਨ੍ਹੀ ਦਾਸਿ ਕੀਨ੍ਹੀ ਅੰਕੁਰਿ ਉਦੋਤੁ ਜਣਾਇਆ ॥ ਮਲਨ ਮੋਹ ਬਿਕਾਰ ਨਾਠੇ ਦਿਵਸ ਨਿਰਮਲ ਆਇਆ ॥ ਦ੍ਰਿਸਟਿ ਧਾਰੀ ਮਨਿ ਪਿਆਰੀ ਮਹਾ ਦੁਰਮਤਿ ਨਾਸੀ ॥ ਬਿਨਵੰਤਿ ਨਾਨਕ ਭਈ ਨਿਰਮਲ ਪ੍ਰਭ ਮਿਲੇ ਅਬਿਨਾਸੀ ॥੩॥** {ਪੰਨਾ 846}

ਪਦਅਰਥ:- ਬਿਸਮ—ਹੈਰਾਨ। ਬਿਸਮਨ ਬਿਸਮ—ਬਹੁਤ ਹੀ ਹੈਰਾਨ। ਪੇਖਿ—ਵੇਖ ਕੇ। ਅਬਿਨਾਸੀ—ਨਾਸ-ਰਹਿਤ। ਕਰੁ—ਹੱਥ। ਗਹਿ—ਫੜ ਕੇ। ਭੁਜਾ—ਬਾਂਹ। ਕਟਿ—ਕੱਟ ਕੇ। ਗਹਿ ਲੀਨ੍ਹੀ—ਫੜ ਲਈ ਹੈ। ਦਾਸਿ—ਦਾਸੀ। ਅੰਕੁਰਿ—ਅੰਕੁਰ ਦੇ ਕਾਰਨ, (ਭਾਗਾਂ ਦੇ ਫੁਟ-ਰਹੇ) ਅੰਗੂਰ ਦੇ ਕਾਰਨ। ਉਦੋਤੁ—(ਆਤਮਕ ਜੀਵਨ ਦਾ) ਪਰਕਾਸ਼। ਜਣਾਇਆ—ਜਣਾ ਦਿੱਤਾ ਹੈ, ਵਿਖਾ ਦਿੱਤਾ ਹੈ। ਮਲਨ—ਮੈਲੇ, ਭੈੜੇ। ਨਾਠੇ—ਨੱਸ ਗਏ ਹਨ। ਨਿਰਮਲ—ਪਵਿੱਤਰ। ਦ੍ਰਿਸਟਿ—ਮਿਹਰ ਦੀ ਨਿਗਾਹ। ਮਨਿ—ਮਨ ਵਿਚ। ਦੁਰਮਤਿ—ਖੋਟੀ ਮਤਿ।3।

ਅਰਥ:- ਹੇ ਸਹੇਲੀਓ! ਅਬਿਨਾਸੀ ਕੰਤ-ਪ੍ਰਭੂ ਦੇ ਗੁਣ (ਉਪਕਾਰ) ਵੇਖ ਵੇਖ ਕੇ ਮੈਂ ਤਾਂ ਹੈਰਾਨ ਹੀ ਹੋ ਗਈ ਹਾਂ। (ਉਸ ਨੇ ਮੇਰਾ) ਹੱਥ ਫੜ ਕੇ, (ਮੇਰੀ) ਜਮਾਂ ਵਾਲੀ ਫਾਹੀ ਕੱਟ ਕੇ, ਮੇਰੀ ਬਾਂਹ ਫੜ ਲਈ ਹੈ। ਉਸ ਨੇ ਮੇਰੀ ਬਾਂਹ ਘੁੱਟ ਕੇ ਫੜ ਲਈ ਹੈ, ਮੈਨੂੰ (ਆਪਣੀ) ਦਾਸੀ ਬਣਾ ਲਿਆ ਹੈ, (ਮੇਰੇ ਭਾਗਾਂ ਦੇ ਫੁੱਟ-ਰਹੇ) ਅੰਗੂਰ ਦੇ ਕਾਰਨ, (ਉਸ ਨੇ ਮੇਰੇ ਅੰਦਰ ਆਤਮਕ ਜੀਵਨ ਦਾ) ਪਰਕਾਸ਼ ਕਰ ਦਿੱਤਾ ਹੈ। ਮੋਹ ਆਦਿਕ ਭੈੜੇ ਵਿਕਾਰ (ਮੇਰੇ ਅੰਦਰੋਂ) ਨੱਸ ਗਏ ਹਨ, (ਮੇਰੀ ਜ਼ਿੰਦਗੀ ਦੇ) ਪਵਿੱਤਰ ਦਿਨ ਆ ਗਏ ਹਨ।

ਨਾਨਕ ਬੇਨਤੀ ਕਰਦਾ ਹੈ—(ਹੇ ਸਹੇਲੀਓ! ਉਸ ਕੰਤ ਪ੍ਰਭੂ ਨੇ ਮੇਰੇ ਉਤੇ ਪਿਆਰ ਭਰੀ) ਨਿਗਾਹ ਕੀਤੀ (ਜਿਹੜੀ ਮੇਰੇ) ਮਨ ਵਿਚ ਪਿਆਰੀ ਲੱਗੀ ਹੈ, (ਉਸ ਦੇ ਪਰਤਾਪ ਨਾਲ ਮੇਰੇ ਅੰਦਰੋਂ) ਬਹੁਤ ਹੀ ਖੋਟੀ ਮਤਿ ਨਾਸ ਹੋ ਗਈ ਹੈ, ਅਬਿਨਾਸੀ ਪ੍ਰਭੂ ਜੀ (ਮੈਨੂੰ ਮਿਲ ਪਏ ਹਨ, ਮੈਂ ਪਵਿੱਤਰ ਜੀਵਨ ਵਾਲੀ ਹੋ ਗਈ ਹਾਂ)।3।

**ਸੂਰਜ ਕਿਰਣਿ ਮਿਲੇ ਜਲ ਕਾ ਜਲੁ ਹੂਆ ਰਾਮ ॥ ਜੋਤੀ ਜੋਤਿ ਰਲੀ ਸੰਪੂਰਨੁ ਥੀਆ ਰਾਮ ॥ ਬ੍ਰਹਮੁ ਦੀਸੈ ਬ੍ਰਹਮੁ ਸੁਣੀਐ ਏਕੁ ਏਕੁ ਵਖਾਣੀਐ ॥ ਆਤਮ ਪਸਾਰਾ ਕਰਣਹਾਰਾ ਪ੍ਰਭ ਬਿਨਾ ਨਹੀ ਜਾਣੀਐ ॥ ਆਪਿ ਕਰਤਾ ਆਪਿ ਭੁਗਤਾ ਆਪਿ ਕਾਰਣੁ ਕੀਆ ॥ ਬਿਨਵੰਤਿ ਨਾਨਕ ਸੇਈ ਜਾਣਹਿ ਜਿਨ੍ਹੀ ਹਰਿ ਰਸੁ ਪੀਆ ॥੪॥੨॥** {ਪੰਨਾ 846}

ਪਦਅਰਥ:- ਮਿਲੇ—ਮਿਲਿ, ਮਿਲ ਕੇ। ਸੂਰਜ ਕਿਰਣਿ ਮਿਲੇ—ਸੂਰਜ ਦੀ ਕਿਰਣ ਨਾਲ ਮਿਲ ਕੇ। ਸੰਪੂਰਨੁ ਥੀਆ—ਸਾਰੇ ਗੁਣਾਂ ਦੇ ਮਾਲਕ ਪ੍ਰਭੂ ਦਾ ਰੂਪ ਹੋ ਜਾਂਦਾ ਹੈ। ਦੀਸੈ—ਦਿੱਸਦਾ ਹੈ (ਹਰ ਪਾਸੇ)। ਸੁਣੀਐ—(ਹਰੇਕ ਵਿਚ ਬੋਲਦਾ) ਉਸ ਨੂੰ ਸੁਣਿਆ ਜਾਂਦਾ ਹੈ। ਵਖਾਣੀਐ—ਜ਼ਿਕਰ ਹੋ ਰਿਹਾ ਹੁੰਦਾ ਹੈ। ਪਸਾਰਾ—ਖਿਲਾਰਾ, ਪਰਕਾਸ਼। ਕਾਰਣੁ ਕੀਆ—(ਜਗਤ ਦਾ) ਮੁੱਢ ਬੱਧਾ। ਸੇਈ—ਉਹੀ ਬੰਦੇ। ਜਾਣਹਿ—ਜਾਣਦੇ ਹਨ।4।

ਅਰਥ:- ਹੇ ਭਾਈ! (ਜਿਵੇਂ) ਸੂਰਜ ਦੀ ਕਿਰਣ ਨਾਲ ਮਿਲ ਕੇ (ਬਰਫ਼ ਤੋਂ) ਪਾਣੀ ਦਾ ਪਾਣੀ ਬਣ ਜਾਂਦਾ ਹੈ (ਸੂਰਜ

ਦੇ ਨਿੱਘ ਨਾਲ ਬਰਫ਼-ਬਣੇ ਪਾਣੀ ਦੀ ਕਠੋਰਤਾ ਖ਼ਤਮ ਹੋ ਜਾਂਦੀ ਹੈ), (ਤਿਵੇਂ ਸਿਫ਼ਤਿ-ਸਾਲਾਹ ਦੀ ਬਰਕਤ ਨਾਲ ਜੀਵ ਦੇ ਅੰਦਰੋਂ ਰੁੱਖਾ-ਪਨ ਮੁੱਕ ਕੇ ਜੀਵ ਦੀ) ਜਿੰਦ ਪਰਮਾਤਮਾ ਦੀ ਜੋਤਿ ਨਾਲ ਇਕ-ਮਿਕ ਹੋ ਜਾਂਦੀ ਹੈ, ਜੀਵ ਸਾਰੇ ਗੁਣਾਂ ਦੇ ਮਾਲਕ ਪਰਮਾਤਮਾ ਦਾ ਰੂਪ ਹੋ ਜਾਂਦਾ ਹੈ। (ਤਦੋਂ ਉਸ ਨੂੰ ਹਰ ਥਾਂ) ਪਰਮਾਤਮਾ ਹੀ (ਵੱਸਦਾ) ਨਜ਼ਰੀਂ ਆਉਂਦਾ ਹੈ, (ਹਰੇਕ ਵਿਚ) ਪਰਮਾਤਮਾ ਹੀ (ਬੋਲਦਾ ਉਸ ਨੂੰ) ਸੁਣੀਦਾ ਹੈ (ਉਸ ਨੂੰ ਇਉਂ ਜਾਪਦਾ ਹੈ ਕਿ ਹਰ ਥਾਂ) ਇਕ ਪਰਮਾਤਮਾ ਦਾ ਹੀ ਜ਼ਿਕਰ ਹੋ ਰਿਹਾ ਹੈ। (ਉਸ ਨੂੰ ਹਰ ਥਾਂ) ਸਿਰਜਣਹਾਰ ਦੀ ਆਤਮਾ ਦਾ ਹੀ ਖਿਲਾਰਾ ਦਿੱਸਦਾ ਹੈ, ਪ੍ਰਭੂ ਤੋਂ ਬਿਨਾ ਉਹ ਕਿਸੇ ਹੋਰ ਨੂੰ ਕਿਤੇ ਨਹੀਂ ਪਛਾਣਦਾ (ਉਸ ਨੂੰ ਨਿਸ਼ਚਾ ਹੋ ਜਾਂਦਾ ਹੈ ਕਿ) ਪਰਮਾਤਮਾ ਆਪ (ਹੀ ਸਭ ਨੂੰ) ਪੈਦਾ ਕਰਨ ਵਾਲਾ ਹੈ, (ਜੀਵਾਂ ਵਿਚ ਵਿਆਪਕ ਹੋ ਕੇ) ਆਪ (ਹੀ ਸਾਰੇ ਰੰਗ) ਮਾਣ ਰਿਹਾ ਹੈ, ਉਹ ਆਪ ਹੀ ਹਰੇਕ ਕੰਮ ਦੀ ਪ੍ਰੇਰਨਾ ਕਰ ਰਿਹਾ ਹੈ।

(ਪਰ) ਨਾਨਕ ਬੇਨਤੀ ਕਰਦਾ ਹੈ (ਕਿ ਇਸ ਅਵਸਥਾ ਨੂੰ) ਉਹੀ ਮਨੁੱਖ ਸਮਝਦੇ ਹਨ, ਜਿਨ੍ਹਾਂ ਨੇ ਪਰਮਾਤਮਾ ਦੇ ਨਾਮ ਦਾ ਸੁਆਦ ਚੱਖਿਆ ਹੈ।4।2।